# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 04-10-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਿੱਖਿਆ, ਹੁਨਰ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਲਈ 62 ਹਜ਼ਾਰ ਕਰੋੜ ਰੁਪਏ ਤੋਂ ਵੱਧ

ਨੌਜਵਾਨ -ਕੇਂਦਰਿਤ ਯੋਜਨਾਵਾਂ ਦੀ ਸ਼ੁਰੂਆਤ ਕੀਤੀ।

- ਕੇਂਦਰੀ ਰੱਖਿਆ ਰਾਜ ਮੰਤਰੀ ਸੰਜੇ ਸੇਠ ਨੇ ਕਿਹਾ - ਪੰਜਾਬ ਦੀ ਖੁਸ਼ਹਾਲੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸੰਕਲਪ ਏ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਗਲੇ ਹਫ਼ਤੇ ਤੱਕ, ਸੂਬੇ ਦੇ ਲੋਕਾਂ ਨੂੰ ਹੜ੍ਹਾਂ ਦਾ ਮੁਆਵਜ਼ਾ ਦੇਣ ਦੀ ਸ਼ੁਰੂਆਤ ਬਾਰੇ ਕੀਤਾ ਐਲਾਨ I

- ਚੋਣ ਕਮਿਸ਼ਨ ਵਲੋਂ ਵੋਟਰ ਸਰਵਿਸ ਪੋਰਟਲ ’ਤੇ ਨਵੇਂ ਮਡਿਊਲ ‘ਬੁੱਕ ਏ ਕਾਲ ਵਿਦ ਬੀ.ਐਲ.ਓ.’ ਦੀ ਸ਼ੁਰੂਆਤ ਕਮਿਸ਼ਨ ਵਲੋਂ ਜਾਰੀ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਫਾਲੋਅ ਕਰਨ ਦੀ ਅਪੀਲ I

• ਪੰਜਾਬ ਸਰਕਾਰ ਵਲੋਂ 71 ਅਧਿਆਪਕਾਂ ਨੂੰ ਕੱਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਕਾਰੀ ਰਾਜ ਅਧਿਆਪਕ ਪੁਰਸਕਾਰ ਨਾਲ ਨਵਾਜ਼ਿਆ ਜਾਵੇਗਾ- ਮੁੱਖ ਮੰਤਰੀ ਕਰਨਗੇ ਸਨਮਾਨਿਤ

• ਭਾਰਤ ਨੇ ਅਹਿਮਦਾਬਾਦ ਕ੍ਰਿਕਟ ਟੈਸਟ ਮੈਚ ਵਿੱਚ ਵੈਸਟਇੰਡੀਜ਼ ਨੂੰ, ਇੱਕ ਪਾਰੀ ਅਤੇ 140 ਦੌੜਾਂ ਨਾਲ ਹਰਾਇਆ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 62 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਵੱਖ-ਵੱਖ ਯੁਵਾ ਪਹਿਲਕਦਮੀਆਂ ਸ਼ੁਰੂ ਕੀਤੀਆਂ। ਇਹ ਯੁਵਾ-ਕੇਂਦ੍ਰਿਤ ਪਹਿਲਕਦਮੀਆਂ ਦੇਸ਼ ਵਿੱਚ ਸਿੱਖਿਆ, ਹੁਨਰ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨਗੀਆਂ। ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਆਯੋਜਿਤ ਹੁਨਰ ਕਨਵੋਕੇਸ਼ਨ ਵਿੱਚ, ਪ੍ਰਧਾਨ ਮੰਤਰੀ ਨੇ ਉਦਯੋਗਿਕ ਸਿਖਲਾਈ ਸੰਸਥਾਵਾਂ (ITIs) ਰਾਹੀਂ ਪ੍ਰਧਾਨ ਮੰਤਰੀ ਹੁਨਰ ਅਤੇ ਰੁਜ਼ਗਾਰ ਪਰਿਵਰਤਨ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਗਿਆਨ ਅਤੇ ਹੁਨਰ ਦਾ ਦੇਸ਼ ਏ , ਅਤੇ ਬੌਧਿਕ ਸ਼ਕਤੀ ਦੇਸ਼ ਦੀ ਸਭ ਤੋਂ ਵੱਡੀ ਤਾਕਤ ਏ । BYTE: ਪ੍ਰਧਾਨ ਮੰਤਰੀ ਨੇ PM-SETU ਯੋਜਨਾ ਬਾਰੇ ਕਿਹਾ । BYTE:

---------------------------------------------------------------------

ਕੇਂਦਰੀ ਰੱਖਿਆ ਰਾਜ ਮੰਤਰੀ ਸੰਜੇ ਸੇਠ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸੰਕਲਪ ਏ ਕਿ ਹਰ ਸੂਬੇ ਦੇ ਹਰ ਨਾਗਰਿਕ ਇਨਸਾਨ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇ। ਰਾਜ ਮੰਤਰੀ ਅੱਜ ਅੰਮ੍ਰਿਤਸਰ ਵਿਖੇ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ 'ਚ ਨਤਮਸਤਕ ਹੋਏ । ਗੁਰੂ ਘਰ ਵਿਖੇ ਮੱਥਾ ਟੇਕ ਕੇ ਉਨ੍ਹਾਂ ਪੰਜਾਬ ਅਤੇ ਦੇਸ਼ ਦੀ ਭਲਾਈ ਲਈ ਅਰਦਾਸ ਕੀਤੀ। ਕੇਂਦਰੀ ਰਾਜ ਮੰਤਰੀ ਨੇ ਕਿਹਾ ਕਿ ਉਹ ਫਿਰੋਜ਼ਪੁਰ ਵਿਚ ਵੱਖ-ਵੱਖ ਸਰਕਾਰੀ ਯੋਜਨਾਵਾਂ ਦੀ ਮੌਕੇ 'ਤੇ ਜਾਂਚ ਕਰਨਗੇ ਅਤੇ ਲੋਕਾਂ ਨਾਲ ਰੁਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਗੇ। BYTE:

---------------------------------------------------------------------

ਕੇਂਦਰੀ ਸਿਹਤ ਮੰਤਰਾਲੇ ਨੇ ਦੋ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਖੰਘ ਅਤੇ ਜ਼ੁਕਾਮ ਦੀਆਂ ਦਵਾਈਆਂ ਨਾ ਦੇਣ ਦੀ ਸਲਾਹ ਦਿੱਤੀ ਏ। ਮੰਤਰਾਲੇ ਨੇ ਕਿਹਾ ਏ ਕਿ ਆਮ ਤੌਰ 'ਤੇ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਇਨ੍ਹਾਂ ਦਵਾਈਆਂ ਦੀ ਸਲਾਹ ਨਹੀਂ ਦਿੱਤੀ ਜਾਂਦੀ ਅਤੇ ਇਸ ਤੋਂ ਵੱਧ ਉਮਰ ਦੇ ਬੱਚਿਆਂ ਲਈ ਇਹ ਸਾਵਧਾਨੀਪੂਰਵਕ ਡਾਕਟਰੀ ਸਲਾਹ ਅਤੇ ਸਖਤ ਨਿਗਰਾਨੀ ਹੇਠ ਹੀ ਵਰਤੀਆਂ ਜਾਣੀਆਂ ਚਾਹੀਦੀਆਂ ਨੇ। ਮੰਤਰਾਲੇ ਨੇ ਇਸ ਸਬੰਧ ਵਿੱਚ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸਿਹਤ ਸੇਵਾ ਡਾਇਰੈਕਟਰਾਂ ਨੂੰ ਇੱਕ ਪੱਤਰ ਲਿਖਿਆ ਏ। ਇਸ ਵਿੱਚ ਕਿਹਾ ਗਿਆ ਏ

ਕਿ, ਬੱਚਿਆਂ ਵਿੱਚ ਜ਼ਿਆਦਾਤਰ ਗੰਭੀਰ ਖੰਘ ਦੀਆਂ ਬਿਮਾਰੀਆਂ ਆਪਣੇ ਆਪ ਠੀਕ ਹੋ ਜਾਂਦੀਆਂ ਨੇ ਅਤੇ ਅਕਸਰ ਬਿਨਾਂ ਕਿਸੇ ਡਾਕਟਰੀ ਦਖਲ ਦੇ ਠੀਕ ਹੋ ਜਾਂਦੀਆਂ ਨੇ। ਇਸ ਦੌਰਾਨ, ਰਾਜਸਥਾਨ ਸਰਕਾਰ ਨੇ ਡਰੱਗ ਕੰਟਰੋਲਰ ਰਾਜਾ-ਰਾਮ ਸ਼ਰਮਾ ਨੂੰ ਮੁਅੱਤਲ ਕਰ ਦਿੱਤਾ ਏ ਅਤੇ ਕੇਸਨ ਫਾਰਮਾ ਵੱਲੋਂ ਸਪਲਾਈ ਕੀਤੀਆਂ ਗਈਆਂ ਸਾਰੀਆਂ 19 ਦਵਾਈਆਂ ਦੀ ਵੰਡ ਰੋਕ ਦਿੱਤੀ ਏ। ਇਹ ਕਾਰਵਾਈ ਮੁੱਖ ਮੰਤਰੀ ਮੁਫ਼ਤ ਦਵਾਈ ਯੋਜਨਾ ਤਹਿਤ, ਵੰਡੇ ਗਏ cough syrup ਨਾਲ ਕਥਿਤ ਤੌਰ 'ਤੇ 2 ਬੱਚਿਆਂ ਦੀ ਮੌਤ ਅਤੇ ਕਈ ਹੋਰ ਦੇ ਬਿਮਾਰ ਹੋਣ ਤੋਂ ਬਾਅਦ ਕੀਤੀ ਗਈ ਏ।

---

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਮੌਕੇ ਜਥਿਆਂ ਨੂੰ ਪਾਕਿਸਤਾਨ ਸਥਿਤ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਦੀ ਇਜਾਜ਼ਤ ਦੇ ਕੇ ਇੱਕ ਵਿਹਾਰਕ ਪਹੁੰਚ ਅਪਣਾਈ ਏ ਅਤੇ ਇਸ ਨਾਲ ਦੋਵਾਂ ਦੇਸ਼ਾਂ ਦਰਮਿਆਨ ਫ਼ਿਰਕੂ ਸਦਭਾਵਨਾ ਦੇ ਨਾਲ-ਨਾਲ ਸ਼ਾਂਤੀ ਸਥਾਪਿਤ ਹੋਵੇਗੀ ਅਤੇ ਆਪਸੀ ਵਪਾਰ ਵਿੱਚ ਵੀ ਪ੍ਰਫੁਲਿਤ ਹੋਵੇਗਾ। ਉਨਾ ਕਿਹਾ ਕਿ ਜਥਿਆਂ ਦਾ ਪਾਕਿਸਤਾਨ ਸਥਿਤ ਗੁਰਦੁਆਰਾ ਸਾਹਿਬ ਜਾਣ 'ਤੇ ਪਾਬੰਦੀ ਲਗਾਉਣ ਦੇ ਕੇਂਦਰ ਸਰਕਾਰ ਦੇ ਫ਼ੈਸਲੇ ਦਾ ਵੱਖ-ਵੱਖ ਧਾਰਮਿਕ ਅਤੇ ਹੋਰਨਾਂ ਸੰਗਠਨਾਂ ਵੱਲੋਂ ਸਖ਼ਤ ਵਿਰੋਧ ਕੀਤਾ ਗਿਆ ਸੀ।ਸ੍ਰੀ

ਸੰਧਵਾਂ ਨੇ ਕਿਹਾ ਕਿ ਹੁਣ ਇਸ ਫੈਸਲੇ ਨਾਲ ਕਿਸਾਨਾਂ ਅਤੇ ਵਪਾਰਕ ਭਾਈਚਾਰੇ ਨੂੰ ਵੀ ਲਾਭ ਪਹੁੰਚੇਗਾ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸੰਗਰੂਰ ਜ਼ਿਲ੍ਹੇ ਦੇ ਲਹਿਰਾਗਾਗਾ ਵਿਖੇ ਨਵੇਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਕੀਤਾ, ਜੋ 25 ਕਰੋੜ ਰੁਪਏ ਦੀ ਲਾਗਤ ਨਾਲ ਬਣਕੇ ਤਿਆਰ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਨਵੇਂ ਕੰਪਲੈਕਸ ਵਿੱਚ ਆਧੁਨਿਕ ਦਫ਼ਤਰ, ਰਿਕਾਰਡ ਰੂਮ, ਨਾਗਰਿਕ ਸੁਵਿਧਾ ਕੇਂਦਰ, ਡਿਜ਼ੀਟਲ ਸੇਵਾਵਾਂ ਸ਼ਾਮਲ ਹੋਣਗੀਆਂ, ਜਿਸ ਨਾਲ ਪ੍ਰਸ਼ਾਸਨਿਕ ਕੰਮ-ਕਾਜ ਪਹਿਲਾਂ ਨਾਲੋਂ ਬੇਹਤਰ ਹੋਣਗੇ। ਮੁੱਖ ਮੰਤਰੀ ਨੇ ਪੁਰਾਣੀ ਅਨਾਜ ਮੰਡੀ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਲਈ ਰਸੋਈ ਦਾ ਸ਼ੁਭ ਆਰੰਭ ਵੀ ਕੀਤਾ। ਉਨ੍ਹਾਂ ਕਿਹਾ BYTE: ਇਸਦੇ ਨਾਲ ਹੀ ਮੁੱਖ ਮੰਤਰੀ ਨੇ ਲਹਿਰਾਗਾਗਾ ਵਿਖੇ 101 ਲੜਕੀਆਂ ਦੇ ਵਿਆਹ ਸਮਾਗਮ ਵਿੱਚ ਪਹੁੰਚਕੇ ਨਵ ਜੋੜਿਆਂ ਨੂੰ ਅਸ਼ੀਰਵਾਦ ਅਤੇ ਸ਼ੁਭਕਾਮਨਾਵਾਂ ਦਿਤੀਆਂ। ਮੁੱਖ ਮੰਤਰੀ ਨੇ ਕਿਹਾ ਕਿ ਅਗਲੇ ਹਫ਼ਤੇ 10 ਤੋਂ 15 ਅਕਤੂਬਰ ਤੱਕ ਲੋਕਾਂ ਨੂੰ ਹੜ੍ਹਾਂ ਦਾ ਮੁਆਵਜ਼ਾ ਦੇਣਾ ਸ਼ੁਰੂ ਕਰ ਦਿੱਤਾ ਜਾਵੇਗਾ ।BYTE:

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਐਲਾਨਿਆ ਗਿਆ ਅਤੇ ਪਿਛਲੇ

ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਕੀਤਾ ਗਿਆ GST ਬਚਤ ਉਤਸਵ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅੱਜ, ਅਸੀਂ ਵਪਾਰਕ ਮਾਲ-ਵਾਹਕ ਵਾਹਨਾਂ 'ਤੇ ਟੈਕਸ ਕਟੌਤੀ ਬਾਰੇ ਗੱਲ ਕਰਾਂਗੇ।

*ਇੱਕ ਰਿਪੋਰਟ :*

*ਲੌਜਿਸਟਿਕਸ ਅਤੇ ਟਰਾਂਸਪੋਰਟ ਸੈਕਟਰ ਲਈ ਇੱਕ ਵੱਡੀ ਰਾਹਤ ਵਜੋਂ, ਸਰਕਾਰ ਨੇ ਟਰੱਕਾਂ ਅਤੇ ਡਿਲੀਵਰੀ ਵੈਨਾਂ ਸਮੇਤ ਵਪਾਰਕ ਮਾਲ-ਵਾਹਕ ਵਾਹਨਾਂ 'ਤੇ ਟੈਕਸ ਦਰ ਘਟਾ ਦਿੱਤੀ ਏ। ਛੋਟੇ ਅਤੇ ਦਰਮਿਆਨੇ ਟਰਾਂਸਪੋਰਟ ਆਪਰੇਟਰਾਂ ਲਈ ਸੰਚਾਲਨ ਲਾਗਤਾਂ ਨੂੰ ਘਟਾਉਣ ਅਤੇ ਦੇਸ਼ ਭਰ ਵਿੱਚ ਮਾਲ ਦੀ ਢੋਆ-ਢੋਆਈ ਨੂੰ ਵਧਾਉਣ ਦੇ ਉਦੇਸ਼ ਨਾਲ, ਜੀਐਸਟੀ ਦਰ ਨੂੰ 28 ਫ਼ੀਸਦੀ ਤੋਂ ਘਟਾ ਕੇ, 18 ਫ਼ੀਸਦੀ ਕਰ ਦਿੱਤਾ ਗਿਆ ਏ। ਇਹ ਕਟੌਤੀ, ਭਾਰਤ ਦੇ ਟਰਾਂਸਪੋਰਟ ਅਤੇ ਲੌਜਿਸਟਿਕਸ ਸੈਕਟਰ ਨੂੰ ਮੁੜ ਸੁਰਜੀਤ ਕਰੇਗੀ। ਇਸ ਤੋਂ ਇਲਾਵਾ, ਜੀਐਸਟੀ ਘਟਾਉਣ ਨਾਲ ਟਰੱਕਾਂ ਦੀ ਪੂੰਜੀ ਲਾਗਤ ਘਟਦੀ ਏ ਅਤੇ ਪ੍ਰਤੀ ਟਨ-ਕਿਲੋਮੀਟਰ ਭਾੜਾ ਦਰਾਂ ਵੀ ਘੱਟ ਜਾਂਦੀਆਂ ਨੇ। ਇਹ ਕਦਮ ਦੇਸ਼ ਦੀ ਸਪਲਾਈ ਲੜੀ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਬਰਾਮਦ ਮੁਕਾਬਲੇਬਾਜ਼ੀ ਵਿੱਚ ਸੁਧਾਰ ਕਰੇਗਾ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ ਇਹ ਤਰਕਸੰਗਤੀਕਰਨ, ਖੇਤੀਬਾੜੀ ਵਸਤਾਂ, ਸੀਮਿੰਟ, ਸਟੀਲ, FMCG ਅਤੇ*

*ਈ-ਕਾਮਰਸ ਡਿਲੀਵਰੀ ਨੂੰ ਕਿਫਾਇਤੀ ਬਣਾਏਗਾ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਕਾਜਲ*

---------------------------------------------------------------------

ਚੋਣ ਕਮਿਸ਼ਨ ਵਲੋਂ ਵੋਟਰ ਸਰਵਿਸ ਪੋਰਟਲ voters.eci.gov.in ’ਤੇ ਨਵੇਂ ਮਡਿਊਲ ‘ਬੁੱਕ ਏ ਕਾਲ ਵਿਦ ਬੀ.ਐਲ.ਓ.’ ਦੀ ਸ਼ੁਰੂਆਤ ਕੀਤੀ ਗਈ ਏ। ਜਲੰਧਰ ਦੇ ਚੋਣ ਤਹਿਸੀਲਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਇਸ ਰਾਹੀਂ ਆਮ ਨਾਗਰਿਕ ਤੇ ਵੋਟਰ, ਵੋਟਰ ਸੂਚੀ ਸਬੰਧੀ ਆਪਣੇ ਮਸਲਿਆਂ ਦਾ ਹੱਲ ਬੂਥ ਲੈਵਲ ਅਫ਼ਸਰ ਪਾਸੋਂ ਪ੍ਰਾਪਤ ਕਰ ਸਕਦੇ ਨੇ। ਉਨ੍ਹਾਂ ਦੱਸਿਆ ਕਿ ਜਦੋਂ ਕੋਈ ਨਾਗਰਿਕ ਵੋਟਰ ਸਰਵਿਸ ਪੋਰਟਲ ਤੋਂ ‘ਬੁੱਕ ਏ ਕਾਲ ਵਿਦ ਬੀ.ਐਲ.ਓ.’ ਆਪਸ਼ਨ ਰਾਹੀਂ ਕਾਲ ਬੁੱਕ ਕਰੇਗਾ ਤਾਂ ਬੀ.ਐਲ.ਓ. ਅਤੇ ਪ੍ਰਾਰਥੀ ਦੋਵਾਂ ਨੂੰ ਇੱਕ ਟੈਕਸਟ ਮੈਸੇਜ ਰਿਸੀਵ ਹੋਵੇਗਾ, ਜਿਸ ਉਪਰੰਤ ਬੀ.ਐਲ.ਓ. ਪ੍ਰਾਰਥੀ ਨੂੰ ਫੋਨ ਕਰਕੇ ਉਸ ਦੀਆਂ ਸਮੱਸਿਆਵਾਂ ਦਾ ਹੱਲ ਕਰੇਗਾ। ਜੇਕਰ ਕਾਲ ਰਿਸੀਵ ਨਹੀਂ ਕੀਤੀ ਤਾਂ ਉਹ ‘ਅਨਅਵੇਲਏਬਲ’ (Unavailable) ਬਟਨ ’ਤੇ ਕਲਿੱਕ ਕਰੇਗਾ। ਉਨ੍ਹਾਂ ਦੱਸਿਆ ਕਿ ਬੀ.ਐਲ.ਓ. ਵੱਲੋਂ ਰਿਸਪਾਂਸ ਕਰਨ ਮਗਰੋਂ ਈ.ਸੀ.ਆਈ.ਨੈੱਟ (ECINet) ’ਤੇ ਰਿਪੋਰਟ ਅਪਡੇਟ ਹੋ ਜਾਵੇਗੀ ਅਤੇ ਉਸ ਦਾ ਇੱਕ ਮੈਸੇਜ ਸਬੰਧਤ ਪ੍ਰਾਰਥੀ ਨੂੰ ਵੀ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਚੋਣ ਕਮਿਸ਼ਨ ਵਲੋਂ ਜਾਰੀ ਸੋਸ਼ਲ ਮੀਡੀਆ

ਪਲੇਟਫਾਰਮਾਂ ਨੂੰ ਫਾਲੋਅ ਕਰਨ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਚੋਣ ਕਮਿਸ਼ਨ ਵਲੋਂ ਜਾਰੀ ਹਦਾਇਤਾਂ ਅਤੇ ਗਤੀਵਿਧੀਆਂ ਦੀ ਜਾਣਕਾਰੀ ਮਿਲਦੀ ਰਹੇ।

---------------------------------------------------------------

Bains

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ 5 ਅਕਤੂਬਰ ਨੂੰ 'ਵਿਸ਼ਵ ਅਧਿਆਪਕ ਦਿਵਸ' ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਇੱਕ ਸ਼ਾਨਦਾਰ ਸਮਾਰੋਹ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ 71 ਸਰਕਾਰੀ ਅਧਿਆਪਕਾਂ ਦਾ ਵੱਕਾਰੀ 'ਰਾਜ ਅਧਿਆਪਕ ਪੁਰਸਕਾਰ 2025` ਨਾਲ ਸਨਮਾਨ ਕੀਤਾ ਜਾਵੇਗਾ। ਇਸ ਦਾ ਉਦੇਸ਼ ਸੂਬੇ ਦੇ ਸਿੱਖਿਆ ਖੇਤਰ ਵਿੱਚ ਇਨ੍ਹਾਂ ਅਧਿਆਪਕਾਂ ਦੇ ਸਮਰਪਣ ਅਤੇ ਸ਼ਾਨਦਾਰ ਯੋਗਦਾਨ ਨੂੰ ਸਨਮਾਨ ਦੇਣਾ ਏ I ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੁੱਲ 55 ਅਧਿਆਪਕਾਂ ਨੂੰ ਰਾਜ ਅਧਿਆਪਕ ਪੁਰਸਕਾਰ ਦਿੱਤਾ ਜਾਵੇਗਾ, ਜਿਨ੍ਹਾਂ ਵਿੱਚੋਂ 34 ਸੀਨੀਅਰ ਸੈਕੰਡਰੀ ਸਕੂਲਾਂ ਅਤੇ 21 ਪ੍ਰਾਇਮਰੀ ਸਕੂਲਾਂ ਦੇ ਅਧਿਆਪਕ ਹਨ। ਇਸ ਤੋਂ ਇਲਾਵਾ 10 ਅਧਿਆਪਕਾਂ ਨੂੰ ਯੰਗ ਟੀਚਰ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ। ਤਿੰਨ ਅਧਿਆਪਕਾਂ ਨੂੰ ਵਿਸ਼ੇਸ਼ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ ਅਤੇ ਤਿੰਨ ਅਧਿਆਪਕਾਂ ਨੂੰ

ਉਨ੍ਹਾਂ ਦੀ ਵਿਲੱਖਣ ਅਗਵਾਈ ਲਈ ਪ੍ਰਬੰਧਕੀ (ਐਡਮਨਿਸਟ੍ਰੇਟਿਵ) ਪੁਰਸਕਾਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਹਰੇਕ ਪੁਰਸਕਾਰ ਜੇਤੂ ਨੂੰ ਰਾਜ ਪੱਧਰੀ ਪ੍ਰੋਗਰਾਮ ਦੌਰਾਨ ਮੁੱਖ ਮੰਤਰੀ  ਭਗਵੰਤ ਸਿੰਘ ਮਾਨ ਵੱਲੋਂ ਇੱਕ ਮੈਡਲ, ਸ਼ਾਲ ਅਤੇ ਯੋਗਤਾ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

---------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਵਲੋ ਕਥਿਤ ਆਮਦਨ ਤੋਂ ਵੱਧ ਜਾਇਦਾਦ ਮਾਮਲੇ ਵਿੱਚ ਹਿਰਾਸਤ ਵਿੱਚ ਲਏ ਗਏ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਵਿਕਰਮਜੀਤ ਸਿੰਘ ਮਜੀਠੀਆ ਦੀ ਨਿਆਇਕ ਹਿਰਾਸਤ ਅੱਜ ਖ਼ਤਮ ਹੋਣ ਮਗਰੋਂ ਉਹਨਾਂ ਦੀ ਮੁਹਾਲੀ ਅਦਾਲਤ ਚ ਨਿਊ ਨਾਭਾ ਜੇਲ ਤੋਂ ਵੀਡਿਓ ਕਾਨਫਰੰਸਿੰਗ ਰਾਹੀਂ ਪੇਸ਼ੀ ਹੋਈ । ਇਸ ਦੌਰਾਨ ਮਜੀਠੀਆ ਵਲੋਂ ਵਕੀਲ ਹਰਨੀਤ ਸਿੰਘ ਧਨੋਆ ਅਤੇ ਸਰਕਾਰੀ ਵਕੀਲ ਪ੍ਰੀਤ ਇੰਦਰ ਪਾਲ ਸਿੰਘ ਪੇਸ਼ ਹੋਏ। ਅਦਾਲਤ ਨੇ ਬਿਕਰਮ ਮਜੀਠੀਆ ਦੇ ਨਿਆਇਕ ਰਿਮਾਂਡ ਚ ਮੁੜ ਤੋਂ 14 ਦਿਨ ਦਾ ਵਾਧਾ ਕਰਦਿਆਂ ਉਹਨਾਂ ਨੂੰ 18 ਅਕਤੂਬਰ ਤੱਕ ਜੇਲ੍ਹ ਵਿੱਚ ਰੱਖਣ ਦੇ ਹੁਕਮ ਸੁਣਾਏ । ਹੁਣ ਮਾਮਲੇ ਦੀ ਅਗਲੀ ਸੁਣਵਾਈ 18 ਅਕਤੂਬਰ ਨੂੰ ਹੋਵੇਗੀ।

---------------------------------------------------------------------------

ਮੌਸਮ ਵਿਭਾਗ ਵੱਲੋਂ 5 ਤੋਂ 7 ਅਕਤੂਬਰ ਤੱਕ ਭਾਰੀ ਬਾਰਿਸ਼ ਹੋਣ ਦੀ ਚੇਤਾਵਨੀ ਦੇ ਵਿਚਕਾਰ,ਪਠਾਨਕੋਟ ਜ਼ਿਲ੍ਹੇ ਦੇ ਡੈਮਾਂ 'ਤੇ ਸਾਵਧਾਨੀ ਦੇ ਉਪਾਅ ਕੀਤੇ ਜਾ ਰਹੇ ਨੇ। ਇਸ ਵੇਲੇ, ਰਣਜੀਤ ਸਾਗਰ ਡੈਮ ਝੀਲ ਵਿੱਚ ਪਾਣੀ ਦਾ ਪੱਧਰ ਲਗਭਗ 522 ਮੀਟਰ ਏ। ਮੌਸਮ ਵਿਭਾਗ ਦੀ ਚੇਤਾਵਨੀ ਤੋਂ ਬਾਅਦ, ਕਿਸੇ ਵੀ ਸਥਿਤੀ ਲਈ ਤਿਆਰੀ ਕਰਨ ਅਤੇ ਰਾਵੀ ਨਦੀ ਵਿੱਚ ਪਾਣੀ ਛੱਡਣ ਲਈ ਰਣਜੀਤ ਸਾਗਰ ਡੈਮ ਦੇ ਹੜ੍ਹ ਗੇਟ ਖੋਲ੍ਹੇ ਜਾ ਰਹੇ ਨੇ। ਮਾਧੋਪੁਰ ਹੈੱਡਵਰਕਸ ਤੋਂ ਰਾਵੀ ਨਦੀ ਵਿੱਚ ਪਾਣੀ ਛੱਡਣ ਨਾਲ ਰਾਵੀ ਨਦੀ ਦੇ ਨਾਲ ਲੱਗਦੇ ਨੀਵੇਂ ਇਲਾਕਿਆਂ ਵਿੱਚ ਪਾਣੀ ਦਾ ਪੱਧਰ ਵਧ ਗਿਆ ਏ। ਅਧਿਕਾਰੀਆਂ ਦਾ ਕਹਿਣਾ ਏ ਕਿ ਸਥਿਤੀ ਕਾਬੂ ਹੇਠ ਏ। ਇਸ ਦੌਰਾਨ, ਜ਼ਿਲ੍ਹਾ ਪ੍ਰਸ਼ਾਸਨ ਨੇ ਰਾਵੀ ਨਦੀ ਵਿੱਚ ਪਾਣੀ ਛੱਡਣ ਕਾਰਨ ਵਸਨੀਕਾਂ ਨੂੰ ਨਦੀ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਏ। ਓਧਰ ਬਾਰਿਸ਼ ਦੀ ਸੰਭਾਵਨਾ ਨੂੰ ਮੁੱਖ ਰੱਖਦੇ ਹੋਏ ਅੱਜ ਅਜਨਾਲਾ ਹਲਕੇ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਅਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਰਾਵੀ ਦਰਿਆ ਦੇ ਨੇੜਲੇ ਇਲਾਕੇ ਦਾ ਦੌਰਾ ਕੀਤਾ। ਉਨਾਂ ਦੱਸਿਆ ਕਿ ਮੀਂਹ ਦੌਰਾਨ ਡੈਮਾਂ ਤੋਂ ਪਾਣੀ ਛੱਡਣ ਕਾਰਨ ਰਾਵੀ ਅਤੇ ਬਿਆਸ ਦਰਿਆ

ਦੇ ਪਾਣੀ ਦੇ ਪੱਧਰ ਵਿੱਚ ਕੁੱਝ ਉਤਾਰ ਚੜਾਅ ਹੋ ਸਕਦਾ ਏ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਿਲਹਾਲ ਰਾਵੀ ਅਤੇ ਬਿਆਸ ਵਿੱਚ ਪਾਣੀ ਬਿਲਕੁਲ ਕੰਟਰੋਲ ਵਿੱਚ ਅਤੇ ਆਪਣੀ ਕ੍ਰੀਕ ਵਿੱਚ ਚੱਲ ਰਿਹਾ ਏ ਪਰ ਪਹਾੜਾਂ ਵਿੱਚ ਮੀਂਹ ਪੈਣ ਦੀ ਸੰਭਾਵਨਾਵਾਂ ਕਾਰਨ ਡੈਮਾਂ ਤੋਂ ਪਾਣੀ ਛੱਡਿਆ ਗਿਆ ਏ , ਜਿਸ ਕਾਰਨ ਪਾਣੀ ਦਾ ਪੱਧਰ ਵੱਧ ਸਕਦਾ ਹੈ, ਇਸ ਲਈ ਦਰਿਆ ਪਾਰ ਜਾਣ ਤੋਂ ਸੰਕੋਚ ਕੀਤਾ ਜਾਵੇ। ਵਿਧਾਇਕ ਨੇ ਵੀ ਸਾਰੇ ਲੋਕਾਂ ਨੂੰ ਬੇਨਤੀ ਕੀਤੀ ਕਿ ਇਸ ਸਮੇਂ ਦੌਰਾਨ ਦਰਿਆ ਪਾਰ ਕਰਨ ਦੀ ਕੋਸ਼ਿਸ਼ ਨਾ ਕੀਤੀ ਜਾਵੇ

---------------------------------------------------------------------------

ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਖੁਰਾਕ ਸੁਰੱਖਿਆ ਵਿਭਾਗ ਵੱਲੋਂ ਅੰਮ੍ਰਿਤਸਰ ਦੀਆਂ ਵੱਡੀਆਂ ਮਿਠਾਈ ਦੀਆਂ ਦੁਕਾਨਾਂ ‘ਤੇ ਅਚਨਚੇਤ ਚੈਕਿੰਗ ਕੀਤੀ ਗਈ। ਇਹ ਕਾਰਵਾਈ ਖਾਸ ਕਰਕੇ ਲੋਰੈਂਸ ਰੋਡ ਇਲਾਕੇ ਵਿੱਚ ਕੀਤੀ ਗਈ, ਜਿੱਥੇ ਤਿਉਹਾਰਾਂ ਦੌਰਾਨ ਮਿਠਾਈ ਦੀ ਵਿਕਰੀ ਸਭ ਤੋਂ ਵੱਧ ਰਹਿੰਦੀ ਹੈ। ਚੈਕਿੰਗ ਦੌਰਾਨ ਵਿਭਾਗ ਦੀਆਂ ਟੀਮਾਂ ਨੇ ਕਈ ਮਠਾਈ ਦੀਆਂ ਵੱਡੀਆਂ ਦੁਕਾਨਾਂ ਦਾ ਨਿਰੀਖਣ ਕੀਤਾ ਅਤੇ ਵੱਖ-ਵੱਖ ਕਿਸਮ ਦੀਆਂ ਮਿਠਾਈਆਂ ਦੇ ਨਮੂਨੇ ਇਕੱਠੇ ਕੀਤੇ ਜੋ ਲੈਬੋਰਟਰੀ ਟੈਸਟ

ਲਈ ਭੇਜੇ ਜਾਣਗੇ, ਤਾਂ ਜੋ ਉਨ੍ਹਾਂ ਦੀ ਗੁਣਵੱਤਾ ਅਤੇ ਸੁਰੱਖਿਆ ਬਾਰੇ ਪੂਰੀ ਜਾਂਚ ਹੋ ਸਕੇ।

---------------------------------------------------------------------------

ਭਾਰਤ ਨੇ ਅਹਿਮਦਾਬਾਦ ਵਿੱਚ, ਵੈਸਟਇੰਡੀਜ਼ ਨੂੰ ਪਹਿਲੇ ਕ੍ਰਿਕੇਟ ਟੈਸਟ ਮੈਚ ਵਿੱਚ, ਇੱਕ ਪਾਰੀ ਅਤੇ 140 ਦੌੜਾਂ ਨਾਲ ਹਰਾ ਦਿੱਤਾ ਏ। ਭਾਰਤ ਨੇ ਦੋ ਮੈਚਾਂ ਦੀ ਲੜੀ ਵਿੱਚ, 1-0 ਨਾਲ ਲੀਡ ਹਾਸਿਲ ਕਰ ਲਈ ਏ। ਪਹਿਲੀ ਪਾਰੀ ਵਿੱਚ ਵੈਸਟਇੰਡੀਜ਼ ਨੂੰ 162 ਦੌੜਾਂ 'ਤੇ ਆਊਟ ਕਰਨ ਤੋਂ ਬਾਅਦ, ਭਾਰਤ ਨੇ ਕੇਐਲ ਰਾਹੁਲ, ਰਵਿੰਦਰ ਜਡੇਜਾ ਅਤੇ ਧਰੁਵ ਜੁਰੇਲ ਦੇ ਸੈਂਕੜਿਆਂ ਦੀ ਬਦੌਲਤ, 448 ਦੌੜਾਂ 'ਤੇ ਆਪਣੀ ਪਾਰੀ ਖਤਮ ਕੀਤੀ। ਇਨ੍ਹਾਂ ਤਿੰਨਾਂ ਨੇ ਭਾਰਤ ਨੂੰ 286 ਦੌੜਾਂ ਦੀ ਲੀਡ ਹਾਸਲ ਕਰਨ ਵਿੱਚ ਮਦਦ ਕੀਤੀ। ਵੈਸਟਇੰਡੀਜ਼ ਦੀ ਟੀਮ ਆਪਣੀ ਦੂਜੀ ਪਾਰੀ ਵਿੱਚ, 146 ਦੌੜਾਂ ਬਣਾ ਕੇ ਆਊਟ ਹੋ ਗਈ।

---------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਿੱਖਿਆ, ਹੁਨਰ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਲਈ 62 ਹਜ਼ਾਰ ਕਰੋੜ ਰੁਪਏ ਤੋਂ ਵੱਧ ਨੌਜਵਾਨ -ਕੇਂਦਰਿਤ ਯੋਜਨਾਵਾਂ ਦੀ ਸ਼ੁਰੂਆਤ ਕੀਤੀ।

- ਕੇਂਦਰੀ ਰੱਖਿਆ ਰਾਜ ਮੰਤਰੀ ਸੰਜੇ ਸੇਠ ਨੇ ਕਿਹਾ - ਪੰਜਾਬ ਦੀ ਖੁਸ਼ਹਾਲੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸੰਕਲਪ ਏ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਗਲੇ ਹਫ਼ਤੇ ਤੱਕ, ਸੂਬੇ ਦੇ ਲੋਕਾਂ ਨੂੰ ਹੜ੍ਹਾਂ ਦਾ ਮੁਆਵਜ਼ਾ ਦੇਣ ਦੀ ਸ਼ੁਰੂਆਤ ਬਾਰੇ ਕੀਤਾ ਐਲਾਨ I

- ਚੋਣ ਕਮਿਸ਼ਨ ਵਲੋਂ ਵੋਟਰ ਸਰਵਿਸ ਪੋਰਟਲ ’ਤੇ ਨਵੇਂ ਮਡਿਊਲ ‘ਬੁੱਕ ਏ ਕਾਲ ਵਿਦ ਬੀ.ਐਲ.ਓ.’ ਦੀ ਸ਼ੁਰੂਆਤ ਕਮਿਸ਼ਨ ਵਲੋਂ ਜਾਰੀ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਫਾਲੋਅ ਕਰਨ ਦੀ ਅਪੀਲ I

- ਪੰਜਾਬ ਸਰਕਾਰ ਵਲੋਂ 71 ਅਧਿਆਪਕਾਂ ਨੂੰ ਕੱਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਕਾਰੀ ਰਾਜ ਅਧਿਆਪਕ ਪੁਰਸਕਾਰ ਨਾਲ ਨਵਾਜ਼ਿਆ ਜਾਵੇਗਾ- ਮੁੱਖ ਮੰਤਰੀ ਕਰਨਗੇ ਸਨਮਾਨਿਤ

- ਭਾਰਤ ਨੇ ਅਹਿਮਦਾਬਾਦ ਕ੍ਰਿਕਟ ਟੈਸਟ ਮੈਚ ਵਿੱਚ ਵੈਸਟਇੰਡੀਜ਼ ਨੂੰ, ਇੱਕ ਪਾਰੀ ਅਤੇ 140 ਦੌੜਾਂ ਨਾਲ ਹਰਾਇਆ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ**

ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨ ਮਸਕਾਰ!